**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10 Pm**

**ਮਿਤੀ: 3-10-2023**

ਕੇਂਦਰੀ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾਕਟਰ ਮਨਸੁਖ ਮਾਂਡਵੀਆ ਨੇ ਸੋਸ਼ਲ ਮੀਡੀਆ ਪੋਸਟ ਵਿੱਚ ਲੋਕਾਂ ਨੂੰ ਅੰਗਦਾਨ ਲਈ ਸਹੁੰ ਚੁੱਕਣ ਦੀ ਅਪੀਲ ਕੀਤੀ ਏ।

'ਆਯੁਸ਼ਮਾਨ ਭਵ' ਮੁਹਿੰਮ ਤਹਿਤ 50 ਹਜ਼ਾਰ ਤੋਂ ਵੱਧ ਲੋਕਾਂ ਨੇ ਆਪਣੇ ਅੰਗ ਦਾਨ ਕਰਨ ਦਾ ਵਾਅਦਾ ਕੀਤਾ ਏ। ਡਾਕਟਰ ਮਾਂਡਵੀਆ ਨੇ ਪਿਛਲੇ ਮਹੀਨੇ ਉੱਤਰ ਪ੍ਰਦੇਸ਼ ਦੇ ਆਗਰਾ ਵਿੱਚ ਆਯੁਸ਼ਮਾਨ ਭਵ ਮੁਹਿੰਮ ਤਹਿਤ, ਅੰਗਦਾਨ ਦੀ ਸਹੁੰ ਚੁੱਕੀ ਸੀ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਪਿਛਲੇ ਮਹੀਨੇ ਗੁਜਰਾਤ ਦੇ ਗਾਂਧੀਨਗਰ ਤੋਂ ਇਸ ਮੁਹਿੰਮ ਦੀ ਸ਼ੁਰੂਆਤ ਕੀਤੀ ਸੀ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਮਿਲੇ ਯਾਦਗਾਰੀ ਚਿੰਨ੍ਹਾਂ ਦੀ ਈ-ਨਿਲਾਮੀ, ਅੱਜ ਤੋਂ ਆਮ ਲੋਕਾਂ ਲਈ ਸ਼ੁਰੂ ਹੋ ਗਈ ਏ। ਇਹ ਨਿਲਾਮੀ 31 ਅਕਤੂਬਰ ਤੱਕ ਜਾਰੀ ਰਹੇਗੀ।

ਇਸ ਨਿਲਾਮੀ ਤੋਂ ਇਕੱਠੇ ਹੋਏ ਫੰਡ ਨੂੰ ਪਵਿੱਤਰ ਨਦੀ ਗੰਗਾ ਨੂੰ ਸੁਰਜੀਤ ਕਰਨ ਲਈ ਨਮਾਮੀ ਗੰਗੇ ਪ੍ਰੋਜੈਕਟ ਨੂੰ ਦਾਨ ਕੀਤਾ ਜਾਵੇਗਾ।

--------------------------------------------------------------------------------

 ਪੰਜਾਬ ਦੇ ਜਿਹੜੇ 24 ਪਿੰਡਾਂ ਨੇ ਸਾਫ ਸਫਾਈ, ਤਰਲ ਤੇ ਠੋਸ ਰਹਿੰਦ-ਖੂੰਹਦ ਦਾ ਸੁਚੱਜਾ ਪ੍ਰਬੰਧਨ ਅਤੇ ਬੁਨਿਆਦੀ ਸਵੱਛ ਸਹੂਲਤਾਂ ਪੱਖੋਂ ਉੱਤਮ ਕੰਮ ਕੀਤੇ ਨੇ, ਉਨ੍ਹਾਂ ਪਿੰਡਾਂ ਦੀਆਂ ਪੰਚਾਇਤਾਂ ਨੂੰ 'ਸਵੱਛ ਭਾਰਤ ਦਿਵਸ' ਮੌਕੇ ਕਲ ਚੰਡੀਗੜ੍ਹ ਵਿੱਚ ਹੋਏ ਰਾਜ ਪੱਧਰੀ ਸਮਾਗਮ ਵਿਚ ਜਲ ਸਪਲਾਈ ਤੇ ਸੈਨੀਟੇਸ਼ਨ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਸਨਮਾਨਿਤ ਕੀਤਾ ।

ਇਸ ਦੇ ਨਾਲ ਹੀ ਸਾਫ-ਸਫਾਈ ਰੱਖਣ, ਆਲੇ-ਦੁਆਲੇ ਨੂੰ ਖੂਬਸੂਰਤ ਬਣਾਉਣ ਅਤੇ ਸਵੱਛਤਾ ਦੀ ਮਹੱਤਤਾ ਬਾਰੇ ਜਾਗਰੂਕਤਾ ਫੈਲਾਉਣ ਲਈ ਪਿੰਡਾਂ ਦੇ 23 ਸਕੂਲਾਂ ਨੂੰ 'ਉੱਤਮ ਸਕੂਲ' ਅਤੇ 23 ਸਫਾਈ ਸੇਵਕਾਂ ਨੂੰ 'ਉੱਤਮ ਸਫਾਈ ਸੇਵਕ' ਦਾ ਪੁਰਸਕਾਰ ਦਿੱਤਾ ਗਿਆ। ਆਪਣੇ ਸੰਬੋਧਨ 'ਚ ਉਨ੍ਹਾਂ ਕਿਹਾ ਕਿ ਸਰਕਾਰ ਸੂਬੇ ਦੇ ਸਾਰੇ ਪਿੰਡਾਂ ਨੂੰ ਸਾਫ-ਸੁਥਰਾ ਬਣਾਉਣ ਲਈ ਸਾਰਥਕ ਯਤਨ ਕਰ ਰਹੀ ਏ । ਉਨ੍ਹਾਂ ਕਿਹਾ ਕਿ ਪਿੰਡਾਂ ਦੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਦੇਣਾ ਸਰਕਾਰ ਦਾ ਫਰਜ਼ ਏ ਅਤੇ ਇਹ ਕੰਮ ਪੂਰੀ ਸੁਹਿਰਦਤਾ ਨਾਲ ਕੀਤਾ ਜਾ ਰਿਹਾ ਏ । ਉਨ੍ਹਾਂ ਕਿਹਾ ਕਿ ਸਾਫ-ਸਫਾਈ ਰੱਖਣਾ ਸਿਰਫ ਸਫਾਈ ਸੇਵਕਾਂ ਦਾ ਕੰਮ ਨਹੀਂ ਬਲਕਿ ਸਾਨੂੰ ਸਾਰਿਆਂ ਨੂੰ ਇਸ ਮਕਸਦ ਲਈ ਪਹਿਲ ਕਰਨੀ ਚਾਹੀਦੀ ਏ ਤੇ ਖੁਦ ਅੱਗੇ ਆ ਕੇ ਸੂਬੇ ਨੂੰ ਕੂੜਾ ਮੁਕਤ ਰੱਖਣ ਵਿਚ ਯੋਗਦਾਨ ਪਾਉਣਾ ਚਾਹੀਦਾ ਏ ।

--------------------------------------------------------------------------------

ਪੰਜਾਬ ਦੇ ਖਣਨ ਤੇ ਵਾਤਾਵਰਣ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ, ਬਰਨਾਲਾ ਜ਼ਿਲੇ ਦੇ ਪਿੰਡ ਅਮਲਾ ਸਿੰਘ ਵਾਲਾ ਵਿਖੇ ਛੱਪੜ ਦੇ ਨਵੀਨੀਕਰਨ ਦਾ ਕਲ ਨੀਂਹ ਪੱਥਰ ਰੱਖਿਆ।

ਇਸ ਮੌਕੇ ਇਕ ਇਕੱਠ ਨੂੰ ਸੰਬੋਧਨ ਕਰਦੇ ਹੋਏ, ਉਨ੍ਹਾਂ ਕਿਹਾ ਕਿ ਪਿੰਡ ਦੇ ਛੱਪੜ ਦਾ ਨਵੀਨੀਕਰਨ ਥਾਪਰ ਮਾਡਲ ਦੇ ਆਧਾਰ 'ਤੇ ਕਰੀਬ 44 ਲੱਖ 50 ਹਜ਼ਾਰ ਰੁਪਏ ਦੀ ਲਾਗਤ ਨਾਲ ਕੀਤਾ ਜਾਵੇਗਾ ਅਤੇ ਇਸ ਨਾਲ ਪਿੰਡ ਵਾਸੀਆਂ ਨੂੰ ਛੱਪੜ ਦੀ ਗੰਦਗੀ ਤੋਂ ਰਾਹਤ ਮਿਲੇਗੀ। ਉਨ੍ਹਾਂ ਕਿਹਾ ਕਿ ਸੋਧੇ ਹੋਏ ਪਾਣੀ ਨੂੰ ਸਿੰਜਾਈ ਲਈ ਵਰਤਿਆ ਜਾਵੇਗਾ ਤੇ ਇਸ ਲਈ 11 ਲੱਖ 29 ਹਜ਼ਾਰ ਦੀ ਲਾਗਤ ਨਾਲ ਖੇਤਾਂ ਨੂੰ ਪਾਇਪ-ਲਾਈਨ ਪਾਈ ਜਾਵੇਗੀ।

ਉਨਾਂ ਕਿਹਾ ਕਿ ਸੂਬਾ, ਡਾਰਕ ਜ਼ੋਨ ਵਿੱਚ ਏ ਤੇ ਧਰਤੀ ਹੇਠਲਾ ਪਾਣੀ ਡੂੰਘਾ ਹੁੰਦਾ ਜਾ ਰਿਹਾ ਏ, ਇਸ ਲਈ ਸਰਕਾਰ ਵਲੋਂ ਇਸ ਵਾਰ ਨਹਿਰੀ ਪਾਣੀ ਦੇ ਪੁਖ਼ਤਾ ਪ੍ਰਬੰਧ ਕੀਤੇ ਗਏ। ਇਸ ਤੋਂ ਇਲਾਵਾ ਨਹਿਰੀ ਖਾਲਾਂ ਨੂੰ ਬਹਾਲ ਕੀਤਾ ਗਿਆ ਏ ਅਤੇ ਪਾਇਪਲਾਈਨ ਪ੍ਰੋਜੈਕਟਾਂ 'ਤੇ ਕਰੋੜਾਂ ਰੁਪਏ ਖਰਚੇ ਜਾ ਰਹੇ ਨੇ ਤਾਂ ਜੋ ਨਹਿਰੀ ਪਾਣੀ ਦੀ ਵੱਧ ਤੋਂ ਵੱਧ ਵਰਤੋਂ ਹੋ ਸਕੇ।

---------------------------------------------------------------

ਪੰਜਾਬ ਵਿੱਚ ਆਊਟ ਸੋਰਸਿੰਗ ਤੇ ਕੰਮ ਕਰ ਰਹੇ ਕੋਚਾਂ ਦੀ ਤਨਖਾਹਾਂ ਵਿੱਚ 2 ਤੋਂ ਢਾਈ ਗੁਣਾ ਵਾਧਾ ਕਰਨ ਦਾ ਫੈਸਲਾ ਕੀਤਾ ਗਿਆ ਏ।

ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ  ਚੰਡੀਗੜ੍ਹ ਵਿੱਚ ਦਸਿਆ ਕਿ ਖੇਡ ਵਿਭਾਗ ਅਤੇ ਪੰਜਾਬ ਰਾਜ  ਖੇਡ ਕੌਂਸਲ ਅਧੀਨ ਸੂਬੇ ਦੇ ਸਮੂਹ ਜ਼ਿਲ੍ਹਿਆਂ ਵਿੱਚ ਤਾਇਨਾਤ ਐਗਜ਼ੀਕਿਊਟਵ ਕੋਚ-2 ਦੀ ਮਹੀਨਾਵਾਰ ਤਨਖਾਹ ਵਧਾ ਕੇ 35 ਹਜ਼ਾਰ  ਰੁਪਏ, ਐਗਜ਼ੀਕਿਊਟਵ ਕੋਚ-1 ਦੀ ਤਨਖਾਹ 30 ਹਜ਼ਾਰ ਰੁਪਏ ਅਤੇ ਐਗਜ਼ੀਕਿਊਟਵ ਕੋਚ ਦੀ ਤਨਖਾਹ 25 ਹਜ਼ਾਰ ਰੁਪਏ ਕਰਨ ਦਾ ਫੈਸਲਾ ਕੀਤਾ ਗਿਆ ਏ ।

ਤੋਂ ਇਲਾਵਾ ਸਾਰੇ ਕੋਚਾਂ ਦੀ ਤਨਖਾਹ ਵਿੱਚ ਸਾਲਾਨਾ 3 ਫੀਸਦੀ ਵਾਧਾ ਵੀ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਆਊਟ ਸੋਰਸਿੰਗ ਤੇ ਤਾਇਨਾਤ ਕੋਚਾਂ ਵੱਲੋਂ ਲੰਬੇ ਸਮੇਂ ਤੋਂ ਆਪਣੀ ਤਨਖਾਹ ਵਧਾਉਣ ਦੀ ਮੰਗ ਕੀਤੀ ਜਾ ਰਹੀ ਸੀ । ਇਹ ਫੈਸਲਾ ਇਸ ਸਾਲ 18 ਸਤੰਬਰ ਤੋਂ ਲਾਗੂ ਹੋਵੇਗਾ ।

-----------------------------------------------------------------

ਭਾਰਤ ਸਰਕਾਰ ਵਲੋਂ ਚਲਾਏ ਜਾ ਰਹੇ ਅਯੁਸਮਾਨ ਭਵ ਪੰਦਰਵਾੜੇ ਤਹਿਤ, ਬਲੱਡ ਡੋਨਰ ਸੋਸਾਇਟੀ ਗੁਰਦਾਸਪੁਰ ਅਤੇ ਸਮਾਜਿਕ ਗਤੀਵਿਧੀਆਂ ਸੇਵਾ ਸੋਸਾਇਟੀ ਕਲਾਨੌਰ ਨੇ, ਪੁੱਡਾ ਗਰਾਊਂਡ ਜ਼ੇਲ੍ਹ ਰੋਡ ਵਿਖੇ ਕਲ ਇਕ ਖ਼ੂਨਦਾਨ ਕੈਂਪ ਲਗਾਇਆ। ਇਸ ਦੌਰਾਨ ਦਾਨੀਆਂ ਵੱਲੋਂ 200 ਤੋਂ ਵੱਧ ਯੂਨਿਟ ਖ਼ੂਨਦਾਨ ਕੀਤਾ ਗਿਆ।

ਇਸ ਨੇਕ ਉਪਰਾਲੇ ਦੀ ਸ਼ਲਾਘਾ ਕਰਦੇ ਹੋਏ ਪੰਜਾਬ ਸਿਹਤ ਨਿਗਮ ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਇਨ੍ਹਾਂ ਸੰਸਥਾਵਾਂ ਵੱਲੋਂ ਕੀਤੇ ਜਾ ਰਹੇ ਇਹ ਉਪਰਾਲੇ

ਸਮਾਜ ਲਈ ਬਹੁਤ ਲਾਹੇਵੰਦੇ ਨੇ। ਉਨ੍ਹਾਂ ਕਿਹਾ ਕਿ ਖ਼ੂਨ ਦਾਨ ਸਭ ਤੋਂ ਮਹਾਨ ਦਾਨ ਏ ਜਿਸ ਨਾਲ ਕਿਸੇ ਦੀ ਜਾਨ ਬਚਾਈ ਜਾ ਸਕਦੀ ਏ। ਉਨ੍ਹਾਂ ਖ਼ੂਨਦਾਨ ਕਰਨ ਵਾਲੇ ਸਾਰੇ ਦਾਨੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਇਹ ਉਪਰਾਲਾ ਹੋਰ ਲੋਕਾਂ ਨੂੰ ਵੀ ਖ਼ੂਨਦਾਨ ਅਤੇ ਸਮਾਜ ਸੇਵਾ ਲਈ ਪ੍ਰੇਰਿਤ ਕਰੇਗਾ। ਸੋਸਾਇਟੀ ਦੇ ਪ੍ਰਧਾਨ ਰਾਜੇਸ਼ ਬੱਬੀ ਸਮੇਤ ਹੋਰ ਪਤਵੰਤੇ ਇਸ ਮੌਕੇ ਮੌਜੂਦ ਸਨ।

---------------------------------------------------------------------

ਭਾਰਤ-ਪਾਕਿਸਤਾਨ ਕੌਮਾਂਤਰੀ ਸਰਹੱਦ 'ਤੇ ਤਰਨਤਾਰਨ ਜ਼ਿਲ੍ਹੇ ਦੇ ਸੈਕਟਰ ਖਾਲੜਾ ਅਧੀਨ ਆਉਂਦੀ ਬੀ. ਓ. ਪੀ. ਕਲਸੀਆਂ ਦੇ ਇਲਾਕੇ ਵਿੱਚ ਸੀਮਾ ਸੁਰੱਖਿਆ ਬੱਲ ਅਤੇ ਪੰਜਾਬ ਪੁਲਿਸ ਨੇ, ਇਕ ਡਰੋਨ ਤੇ 2 ਕਿਲੋ 518 ਗ੍ਰਾਮ ਹੈਰੋਇਨ ਬਰਾਮਦ ਕੀਤੀ ਏ।

ਭਿਖੀਵਿੰਡ ਦੇ ਡੀ. ਐਸ. ਪੀ. ਪ੍ਰੀਤ-ਇੰਦਰ ਸਿੰਘ ਨੇ ਦੱਸਿਆ ਕਿ ਰਾਤ 9 ਵਜੇ ਡਰੋਨ ਦੀ ਸਰਗਰਮੀ ਸੰਬੰਧੀ ਸੂਚਨਾ ਮਿਲਣ ਮਗਰੋਂ, ਸ਼ੁਰੂ ਤਲਾਸ਼ੀ ਮੁਹਿੰਮ ਦੌਰਾਨ ਖੇਤਾਂ ਵਿੱਚੋਂ ਡਰੋਨ ਸਮੇਤ ਹੈਰੋਇਨ ਦੀ ਬਰਾਮਦਗੀ ਹੋਈ। ਇਹ ਹੈਰੋਇਨ ਇੱਕ ਪੈਕਟ ਵਿੱਚ ਬੰਦ ਸੀ ਅਤੇ ਡਰੋਨ ਨਾਲ ਟੰਗੀ ਹੋਈ ਸੀ।

ਥਾਣਾ ਖਾਲੜਾ ਵਿਖੇ ਅਣਪਛਾਤੇ ਵਿਅਕਤੀ ਖ਼ਿਲਾਫ਼ ਮਾਮਲਾ ਦਰਜ ਕਰ ਨਸ਼ਾ ਤਸਕਰ ਦੀ ਭਾਲ ਸ਼ੁਰੂ ਕਰ ਦਿੱਤੀ ਗਈ ਏ।